O/o SUB DIVISIONAL ENGINEER, PROVL. SUB DIVISION, PWD B&R, KHARAR
E-MAIL Subdivisionkharar78@gmail.com

ਵੱਲ,

Mind Tree School,
Village Khanpur,Off :-Kharar-Kurali Road
Opposite Jamuna Apartments,
Kharar-140301

ਨੰ: 149 ਮਿਤੀ: 09/05/2022

ਵਿਸ਼ਾ:- ਸਕੂਲ ਦੀ ਬਿਲਡਿੰਗ ਦਾ ਸੇਫਟੀ ਸਰਟਿਫਿਕੇਟ ਜਾਰੀ ਕਰਨ ਬਾਰੇ (ਸਾਲ 2022-2032)

ਹਵਾਲਾ:- ਆਪਦਾ ਰੈਫਰੈਂਸ ਨੰ: ਨਿੱਲ ਮਿਤੀ: 04.05.2022

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਦੇ ਸਕੂਲ (Mind Tree School), ਪਿੰਡ ਖਾਨਪੁਰ, ਖਰੜ, ਜਿਲ੍ਹਾ ਐਸ.ਏ.ਐਸ ਨਗਰ ਦੀ ਬਿਲਡਿੰਗ ਦਾ ਇਸ ਦਫਤਰ ਦੇ ਸ੍ਰੀ ਮੁਨੀਸ਼ ਬੰਸਲ, ਸਹਾਇਕ ਇੰਜੀਨੀਅਰ ਵੱਲੋ ਮਿਤੀ:09/05/2022 ਨੂੰ ਮੌਕੇ ਤੇ ਜਾ ਕੇ ਸਕੂਲੀ ਇਮਾਰਤ ਦਾ ਨਿਰੀਖਣ ਕਰਕੇ ਰਿਪੋਰਟ ਕੀਤੀ ਹੈ ਕਿ ਬਿਲਡਿੰਗ ਸੇਫ ਹੈ। ਹਵਾਲੇ ਅਧੀਨ ਪੱਤਰ ਦੇ ਸਬੰਧ ਵਿੱਚ ਅਤੇ ਸ੍ਰੀ ਮੁਨੀਸ਼ ਕੁਮਾਰ ਬੰਸਲ, ਸਹਾਇਕ ਇੰਜੀਨੀਅਰ ਦੀ ਰਿਪੋਰਟ ਦੇ ਅਧਾਰ ਤੇ ਆਪ ਨੂੰ ਉਪਰੋਕਤ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2022-2023 ਤੋ 2031-2032 ਤੱਕ ਦਸ ਸਾਲ ਦੇ ਸਮੇ ਲਈ 31.03.2032 (ਇਕਤੀ ਮਾਰਚ ਦੋ ਹਜਾਰ ਬਤੀ) ਤੱਕ ਜਾਰੀ ਕੀਤਾ ਜਾਂਦਾ ਹੈ। ਇਹ ਸਰਟੀਫਿਕੇਟ ਪੰਜਾਬ ਸਕਾਰ ਦੁਆਰਾ ਜਾਰੀ ਨੋਟੀਫਿਕੇਸ਼ਨ ਦੇ ਪਿੱ:ਅੰ:ਨੰ 5/13/2018-3BR3/3/1294287/3 ਮਿਤੀ 10.08.2018 ਰਾਹੀ ਜਾਰੀ ਹਦਾਇਤਾਂ ਦੇ ਸਨਮੁੱਖ ਅਤੇ ਹੇਠ ਦਰਸਾਇਆ ਸ਼ਰਤਾਂ ਦੇ ਅਧਾਰ ਤੇ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਬਿਲਡਿੰਗ ਦੀ ਬਾਹਰੀ ਦਿੱਖ ਤੋ ਅੰਦਰੂਨੀ ਸਟਰਕਚਰਲ ਸਟੇਬਿਲਟੀ ਚੈਕ ਨਹੀ ਕੀਤੀ ਜਾ ਸਕਦੀ। ਇਸ ਲਈ ਜੇਕਰ ਕਿਸੇ ਵੀ ਸਮੇ ਬਿਲਡਿੰਗ ਦੇ ਸਟਰਕਚਰਲ ਡਿਜਾਇਨ ਵਿੱਚ ਕਮੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਇਸ ਲਈ ਸਕੂਲ ਅਥਾਰਿਟੀ ਖੁਦ ਜਿੰਮੇਵਾਰ ਹੋਵੇਗੀ।
2. ਜੇਕਰ ਸਕੂਲ ਅਥਾਰਿਟੀ ਵੱਲੋ ਬਿਲਡਿੰਗ ਵਿੱਚ ਕਸੇ ਵੀ ਤਰ੍ਹਾਂ ਦੀ ਅਡੀਸ਼ਨ/ਅਲਟਰੇਸ਼ਨ ਅਤੇ ਮੋਡੀਫਿਕੇਸ਼ਨ ਕੀਤੀ ਜਾਂਦੀ ਹੈ ਤਾਂ ਉਹ ਕਿਸੇ ਟੈਕਨੀਕਲ ਕੁਆਲੀਫਾਈਡ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਈ ਜਾਵੇ ਅਤੇ ਉਸ ਇੰਜੀਨੀਅਰ ਤੋ ਸਰਟੀਫਿਕੇਟ ਲਿਆ ਜਾਵੇ ਕਿ ਇਸ ਅਡੀਸ਼ਨ/ਅਲਟਰੇਸ਼ਨ ਅਤੇ ਮੋਡੀਫਿਕੇਸ਼ਨ ਕਰਨ ਨਾਲ ਬਿਲਡਿੰਗ ਸਟਰਕਚਰਲੀ ਸੇਫ ਰਹੇਗੀ ਅਤੇ ਇਹ ਕੰਮ ਕਰਨ ਤੋ ਬਾਅਦ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਲਿਆ ਜਾਵੇਗਾ।
3. ਜੇਕਰ ਬਿਲਡਿੰਗ ਨੂੰ ਹੜ੍ਹ ਜਾਂ ਭੂਚਾਲ ਨਾਲ ਨੁਕਸਾਨ ਹੁੰਦਾ ਹੈ ਅਤੇ ਦੀਵਾਰਾਂ/ਨੀਹਾਂ ਵਿੱਚ ਕਿਸੇ ਤਰ੍ਹਾਂ ਦੀ ਸੈਟਲਮੈਂਟ ਅਤੇ ਛੱਤਾਂ ਵਿੱਚ ਸੈਗਿੰਗ ਆਉਦੀ ਹੈ ਤਾਂ ਸਕੂਲ ਅਥਾਰਟੀ ਤੁਰੰਤ ਇਸ ਵਿਭਾਗ ਦੇ ਧਿਆਨ ਵਿੱਚ ਲਿਆਵੇਗੀ।
4. ਬਿਲਡਿੰਗ ਦੀ ਹਰ ਪੱਖੋ ਸੇਫਟੀ ਦੀ ਜਿੰਮੇਵਾਰੀ ਸੰਸਥਾ ਦੀ ਹੋਵੇਗੀ ਅਤੇ ਆਪ ਹਰ ਸਾਲ ਟੈਕਨੀਕਲ ਕੁਆਲੀਫਾਇਡ ਸਟਰਕਚਰ ਇੰਜੀਨੀਅਰ ਵੱਲੋ ਉਕਤ ਇਮਾਰਤ ਦਾ ਤਸਦੀਕਸ਼ੁਦਾ ਫਿਟਨੈਸ ਸਰਟੀਫਿਕੇਟ ਲੈਣ ਉਪਰੰਤ ਇਸ ਦਫਤਰ ਵਿੱਚ ਜਮ੍ਹਾਂ ਕਰਵਾਉਣ ਦੇ ਪਾਬੰਦ ਹੋਵੋਗੇ।
5. ਅੱਗ ਬੁਝਾਊ ਯੰਤਰ ਸਬੰਧਿਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਤਸੱਲੀਬੱਖਸ਼ ਅਤੇ ਚਾਲੂ ਹਾਲਤ ਵਿੱਚ ਹੋਣੇ ਚਾਹੀਦੇ ਹਨ। ਆਪ ਹਰ ਸਾਲ ਸਬੰਧਤ ਵਿਭਾਗ ਤੋ ਫਾਇਰ ਸੇਫਟੀ ਸਰਟੀਫਿਕੇਟ ਲੈਣ ਉਪੰਰਤ ਇਸ ਦਫਤਰ ਵਿੱਚ ਜਮ੍ਹਾਂ ਕਰਵਾਉਣ ਦੇ ਪਾਬੰਦ ਹੋਵੋਗੇ।
6. ਪੰਜਾਬ ਸਰਕਾਰ ਵੱਲੋ ਭਵਿੱਖ ਵਿੱਚ ਸਮੇ-ਸਮੇ ਤੇ ਜਾਰੀ ਕੀਤੀਆਂ ਹਦਾਇਤਾਂ/ਸ਼ਰਤਾਂ/ਨੋਟੀਫਿਕੇਸ਼ਨ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇਗੀ। ਜੇਕਰ ਇਸ ਬਿਲਡਿੰਗ ਸੇਫਟੀ ਸਰਟੀਫਿਕੇਟ ਦੀ ਵੈਧਤਾ ਦੌਰਾਨ ਕਦੇ ਵੀ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਹਿੱਤ ਫੀਸ ਵਿੱਚ ਵਾਧਾ ਕੀਤਾ ਜਾਂਦਾ ਹੈ ਤਾਂ ਆਪ ਇਸ ਵਧੀ ਹੋਈ ਫੀਸ ਨੂੰ ਉਸ ਸਮੇ ਤੋ ਇਸ ਉਪ ਮੰਡਲ ਦਫਤਰ ਵਿੱਚ ਜਮ੍ਹਾਂ ਕਰਵਾਉਣ ਦੇ ਪਾਬੰਦ ਹੋਵੋਗੇ।
7. ਇਸ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀ ਹੋਵੇਗਾ।

ਉਪਰੋਕਤ ਸ਼ਰਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ, ਜੇਕਰ ਆਪ ਵੱਲੋ ਕੋਈ ਵੀ ਅਣਗਹਿਲੀ/ਢਿੱਲ ਵਰਤੀ ਜਾਂਦੀ ਹੈ ਤਾਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਤੁਰੰਤ ਸਮੇ ਤੋ ਰੱਦ ਸਮਝਿਆ ਜਾਵੇਗਾ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ:ਭਤੇਮ ਸ਼ਾਖਾ,
ਖਰੜ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ:1, ਲੋ:ਨਿ:ਵਿ:ਭ ਤੇ ਮ ਸ਼ਾਖਾ, ਐਸ.ਏ.ਐਸ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ ਜੀ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ:ਭਤੇਮ ਸ਼ਾਖਾ,
ਖਰੜ।